ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਪਰਾਲੀ ਨੂੰ ਅੱਗ ਲਗਾਉਣ 'ਤੇ ਪਾਬੰਦੀ ਦੇ ਆਦੇਸ਼-ਈਸ਼ਾ ਕਾਲੀਆ

## ਪਕਣ ਉਪਰੰਤ ਹੀ ਮੰਡੀਆਂ 'ਚ ਲਿਆਂਦੀ ਜਾਵੇ ਝੋਨੇ ਦੀ ਫਸਲ

## 66725 ਮੀਟ੍ਰਿਕ ਟਨ ਝੋਨੇ ਦੀ ਏਜੰਸੀਆਂ ਵੱਲੋਂ ਕੀਤੀ ਖਰੀਦ

## ਮੰਡੀਆਂ 'ਚ 75958 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ

## ਜਲਦ ਤੋਂ ਜਲਦ ਕਰਵਾਈ ਜਾਵੇ ਲਿਫਟਿੰਗ

ਫਾਜ਼ਿਲਕਾ 10 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਕਿਸਾਨਾਂ ਨੂੰ ਕਿਹਾ ਕਿ ਨਾ ਹੀ ਰਾਤ ਸਮੇਂ ਕਬਾਇਨਾਂ ਨਾਲ ਕਟਾਈ ਕੀਤੀ ਜਾਵੇ ਤੇ ਨਾ ਹੀ ਪਰਾਲੀ ਨੂੰ ਅੱਗ ਲਗਾਈ ਜਾਵੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 75958 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਬੀਤੀ ਸ਼ਾਮ ਤੱਕ ਖਰੀਦ ਏਜੰਸੀਆਂ ਵੱਲੋਂ 66725 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਹਨ ਕਿ ਝੋਨੇ ਦੀ ਖਰੀਦ ਕਰਨ ਉਪਰੰਤ ਝੋਨੇ ਦੀ ਲਿਫਟਿੰਗ ਤੇ ਕਿਸਾਨਾਂ ਨੂੰ ਅਦਾਇਗੀ ਜਲਦ ਤੋਂ ਜਲਦ ਕਰਵਾਈ ਜਾਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਂਦੀ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਅਫਸਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 15412 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 8978 ਮੀਟ੍ਰਿਕ ਟਨ, ਪਨਸਪ ਵੱਲੋਂ 15239 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 10742 ਮੀਟ੍ਰਿਕ ਟਨ, ਪੰਜਾਬ ਐਗਰੋ ਵੱਲੋਂ 4730 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 11605 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।